15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

ਬੁੱਧਵਾਰ, 20 ਫਰਵਰੀ, 2019
(11.00 ਵਜੇ ਸਵੇਰੇ)

---

### I. ਪ੍ਰਸ਼ਨ

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

### II. ਧਿਆਨ ਦਿਵਾਊ ਨੋਟਿਸ

1. **ਸਰਦਾਰ ਲਖਵੀਰ ਸਿੰਘ ਲੱਖਾ, ਐਮ.ਐਲ.ਏ:-** ਸਥਾਨਕ ਸਰਕਾਰ ਮੰਤਰੀ ਦਾ ਧਿਆਨ ਪਾਇਲ ਖੇਤਰ (ਲੁਧਿਆਣਾ) ਵਿੱਚ ਅੱਗ ਬੁਝਾਊ ਪ੍ਰਣਾਲੀ ਦੀ ਉਪਲੱਬਧਤਾ ਨਾ ਹੋਣ ਵੱਲ ਦਿਵਾਉਣਗੇ।

(ਨੰ: 12)

2. **ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ:-** ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਰਾਜ ਵਿੱਚ ਬੋਲੇਪਣ ਦੀ ਸਮੱਸਿਆ ਨਾਲ ਜੂਝ ਰਹੀ 10% ਅਬਾਦੀ ਵੱਲ ਦਿਵਾਉਣਗੇ।

(ਨੰ: 15)

3. (i) **ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ.**
(ii) **ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਐਮ.ਐਲ.ਏ.** } ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਸਵਾਈਨ ਫਲੂ ਦੇ ਫੈਲਣ ਕਾਰਣ ਰਾਜ ਵਿੱਚ ਲੋਕਾਂ ਦੁਆਰਾ ਸਾਹਮਣਾ ਕੀਤੀ ਜਾ ਰਹੀ ਸਮੱਸਿਆ ਵੱਲ ਦਿਵਾਉਣਗੇ।

(ਨੰ: 16 ਅਤੇ 21)

### III. ਰਿਪੋਰਟਾਂ ਪੇਸ਼ ਕਰਨੀਆਂ

1. **ਸਭਾਪਤੀ,**
**ਲੋਕ ਲੇਖਾ ਕਮੇਟੀ** ਪੇਸ਼ ਕਰਨਗੇ -

i) ਜਲ ਸਰੋਤ ਵਿਭਾਗ ਨਾਲ ਸਬੰਧਤ ਸਾਲ 2012-13 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਅਤੇ ਸਾਲ 2012-13 ਲਈ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ) ਤੇ ਲੋਕ ਲੇਖਾ ਕਮੇਟੀ ਦੀ 203ਵੀਂ ਰਿਪੋਰਟ;

ii) ਟਰਾਂਸਪੋਰਟ ਵਿਭਾਗ ਨਾਲ ਸਬੰਧਤ ਸਾਲ 2013-14 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਅਤੇ ਸਾਲ 2013-14 ਲਈ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਮਾਲੀਆ ਪ੍ਰਾਪਤੀਆਂ) ਤੇ ਲੋਕ ਲੇਖਾ ਕਮੇਟੀ ਦੀ 204ਵੀਂ ਰਿਪੋਰਟ;

iii) ਪ੍ਰਿੰਟਿੰਗ ਅਤੇ ਸਟੇਸ਼ਨਰੀ ਵਿਭਾਗ ਨਾਲ ਸਬੰਧਤ ਸਾਲ 2013-14 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਅਤੇ ਸਾਲ 2013-14 ਲਈ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ) ਤੇ ਲੋਕ ਲੇਖਾ ਕਮੇਟੀ ਦੀ 205ਵੀਂ ਰਿਪੋਰਟ;

Superintendent
Punjab Vidhan Sabha
Chandigarh

ਪਰਤੋਂ ਜੀ.....

iv) ਸਾਲ 2018-19 ਦੌਰਾਨ ਕੰਪਟਰੋਲਰ ਅਤੇ ਆਡੀਟਰ ਜਨਰਲ ਦੀਆਂ ਰਿਪੋਰਟਾਂ (ਸਿਵਲ ਅਤੇ ਮਾਲੀਆਂ ਪ੍ਰਾਪਤੀਆਂ) ਵਿੱਚ ਦਰਜ਼ ਆਡਿਟ ਪੈਰ੍ਹਿਆਂ ਦੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਉਤੱਰਾਂ ਦੀ ਜਾਂਚ-ਪੜਤਾਲ ਨਾਲ ਸਬੰਧਤ ਲੋਕ ਲੇਖਾ ਕਮੇਟੀ ਦੁਆਰਾ ਕੀਤੇ ਗਏ ਕੰਮ-ਕਾਰ ਤੇ "ਸੰਖੇਪ ਰਿਪੋਰਟ"।

| | | |
|---|---|---|
| 2. | ਸਭਾਪਤੀ, ਅਨੁਮਾਨ ਕਮੇਟੀ | ਸਾਲ 2018-19 ਲਈ ਸਥਾਨਕ ਸਰਕਾਰ ਵਿਭਾਗ , ਪੰਜਾਬ ਨਾਲ ਸਬੰਧਤ ਬਜਟ ਅਨੁਮਾਨਾਂ ਤੇ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼ ਕਰਨਗੇ। |
| 3. | ਸਭਾਪਤੀ, ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਕਮੇਟੀ | ਸਾਲ 2018-19 ਲਈ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਕਮੇਟੀ ਦੀ 44ਵੀਂ ਰਿਪੋਰਟ ਪੇਸ਼ ਕਰਨਗੇ। |
| 4. | ਸਭਾਪਤੀ, ਅਧੀਨ ਵਿਧਾਨ ਕਮੇਟੀ | ਸਾਲ 2018-19 ਲਈ ਅਧੀਨ ਵਿਧਾਨ ਕਮੇਟੀ ਦੀ 42ਵੀਂ ਰਿਪੋਰਟ ਪੇਸ਼ ਕਰਨਗੇ। |
| 5. | ਸਭਾਪਤੀ, ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ | ਸਾਲ 2018-19 ਲਈ ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੀ 48ਵੀਂ ਰਿਪੋਰਟ ਪੇਸ਼ ਕਰਨਗੇ। |

**IV. <u>ਮੇਜ਼ ਉੱਤੇ ਮੁੜ-ਰੱਖੇ ਜਾਣ ਵਾਲੇ/ਰੱਖੇ ਜਾਣ ਵਾਲੇ ਕਾਗਜ਼ ਪੱਤਰ</u>**

| | | |
|---|---|---|
| **1.** | ਇੱਕ ਮੰਤਰੀ | ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ ਨਿਯਮਾਂ, 2017 ਮੇਜ਼ ਤੇ ਮੁੜ ਰੱਖਣਗੇ, ਜਿਵੇਂ ਕਿ ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ ਐਕਟ, 2017 ਦੀ ਧਾਰਾ 166 ਅਧੀਨ ਲੋੜੀਂਦਾ ਹੈ। |
| **2.** | ਇੱਕ ਮੰਤਰੀ | ਸਾਲ 2017-18 ਲਈ ਪੰਜਾਬ ਰਾਜ ਜੰਗਲਾਤ ਵਿਕਾਸ ਨਿਗਮ ਲਿਮਟਿਡ ਦੀ 35ਵੀਂ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ। |
| **3.** | ਇੱਕ ਮੰਤਰੀ | ਸਾਲ 2014-15 ਲਈ ਪੰਜਾਬ ਰਾਜ ਬੀਜ ਨਿਗਮ ਲਿਮਟਿਡ ਦੀ 39ਵੀਂ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ। |
| **4.** | ਇੱਕ ਮੰਤਰੀ | ਸਾਲ 2016-17 ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੀ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਮਨੁੱਖੀ ਅਧਿਕਾਰ ਐਕਟ, 1993 ਦੀ ਧਾਰਾ 28 ਅਧੀਨ ਲੋੜੀਂਦਾ ਹੈ। |
| **5.** | ਇੱਕ ਮੰਤਰੀ | ਸਾਲ 2015-16 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਿਟੀ (ਗਮਾਡਾ) ਦੇ ਲੇਖਿਆ ਦੇ ਸਾਲਾਨਾ ਵਿਵਰਣ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ। |
| **6.** | ਇੱਕ ਮੰਤਰੀ | ਸਾਲ 2016-17 ਲਈ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਿਟੀ ਦੀ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ। |

Superintendent
Punjab Vidhan Sabha
Chandigarh

7. ਇੱਕ ਮੰਤਰੀ ਸਾਲਾਂ 2014-15 ਅਤੇ 2015-16 ਲਈ ਪੰਜਾਬ ਰਾਜ ਸਿਵਲ ਸਪਲਾਈਜ਼ ਕਾਰਪੋਰੇਸ਼ਨ ਲਿਮਟਿਡ ਦੀ 41ਵੀਂ ਅਤੇ 42ਵੀਂ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619(ੳ) ਅਧੀਨ ਲੋੜੀਂਦਾ ਹੈ।

8. ਇੱਕ ਮੰਤਰੀ ਸਾਲ 2015-16 ਲਈ ਪੰਜਾਬ ਸ਼ਹਿਰੀ ਯੋਜਨਾ ਅਤੇ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

9. ਇੱਕ ਮੰਤਰੀ ਸਾਲ 2014-15 ਲਈ ਅੰਮ੍ਰਿਤਸਰ ਹੋਟਲ ਲਿਮਟਿਡ ਦੀ 12ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619(ੳ) ਅਧੀਨ ਲੋੜੀਂਦਾ ਹੈ।

10. ਇੱਕ ਮੰਤਰੀ ਸਾਲ 2015-16 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਿਟੀ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

## V. ਸਰਕਾਰੀ ਮਤਾ

**ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ ਪ੍ਰਸਤਾਵ ਕਰਨਗੇ ਕਿ:-**

"13 ਅਪ੍ਰੈਲ, 1919 ਨੂੰ ਜਲ੍ਹਿਆਂਵਾਲਾ ਬਾਗ, ਅੰਮ੍ਰਿਤਸਰ ਵਿਖੇ ਨਿਰਦੋਸ਼ ਪ੍ਰਦਰਸ਼ਨਕਾਰੀਆਂ ਦਾ ਦੁੱਖਦਾਈ ਹੱਤਿਆਕਾਂਡ ਭਾਰਤੀ ਇਤਿਹਾਸ ਵਿੱਚ ਅੰਗਰੇਜ਼ੀ ਹਕੂਮਤ ਵਲੋਂ ਕੀਤੇ ਗਏ ਜੁਲਮਾਂ ਦੀਆਂ ਯਾਦਾਂ ਵਿਚੋਂ ਸਭ ਤੋਂ ਵੱਧ ਭਿਆਨਕ ਯਾਦ ਹੈ।

ਰੋਲਟ ਐਕਟ ਦੇ ਵਿਰੋਧ ਵਿੱਚ ਸਥਾਨਕ ਪ੍ਰਦਰਸ਼ਨਕਾਰੀਆਂ ਵਲੋਂ ਸ਼ਾਤਮਈ ਢੰਗ ਨਾਲ ਕੀਤੇ ਜਾ ਰਹੇ ਪ੍ਰਦਰਸ਼ਨ ਨੂੰ ਦਬਾਉਣ ਖਾਤਰ ਜੋ ਇਹ ਸ਼ਰਮਨਾਕ ਫੌਜਕਾਰੀ ਕਾਰਵਾਈ ਕੀਤੀ ਗਈ ਸੀ, ਉਸ ਦੀ ਦੁਨੀਆਂ ਭਰ ਵਿੱਚ ਨਿਖੇਧੀ ਕੀਤੀ ਗਈ। ਫਿਰ ਵੀ, ਇਹ ਵਾਜਬ ਹੋਵੇਗਾ ਜੇਕਰ ਬ੍ਰਿਟਿਸ਼ ਸਰਕਾਰ ਵਲੋਂ ਇਸ ਕਾਂਡ ਲਈ ਭਾਰਤ ਦੇ ਲੋਕਾਂ ਤੋਂ ਰਸਮੀ ਤੌਰ ਤੇ ਮੁਆਫ਼ੀ ਮੰਗੀ ਜਾਵੇ, ਖਾਸ ਕਰਕੇ ਉਦੋਂ ਜਦੋਂ ਅਸੀਂ ਇਸ ਦੁਖਾਂਤ ਦੇ ਸ਼ਤਾਬਦੀ ਵਰ੍ਹੇ ਵਿੱਚ ਹਾਂ।

ਇਹ ਅਜੀਮ ਸਦਨ ਸਰਬਸੰਮਤੀ ਨਾਲ ਇਹ ਫੈਸਲਾ ਕਰਦਾ ਹੈ ਕਿ ਰਾਜ ਸਰਕਾਰ ਇਸ ਸਬੰਧੀ ਭਾਰਤ ਸਰਕਾਰ ਨਾਲ ਮਾਮਲਾ ਉਠਾਵੇ ਕਿ ਉਹ ਬ੍ਰਿਟਿਸ਼ ਸਰਕਾਰ ਤੇ, ਜਲ੍ਹਿਆਂਵਾਲਾ ਬਾਗ, ਅੰਮ੍ਰਿਤਸਰ ਵਿਖੇ ਨਿਰਦੋਸ਼ ਪ੍ਰਦਰਸ਼ਨਕਾਰੀਆਂ ਦੇ ਹੱਤਿਆਕਾਂਡ ਲਈ, ਜਨਤਕ ਤੌਰ ਤੇ ਮੁਆਫ਼ੀ ਮੰਗਣ ਲਈ ਦਬਾਅ ਪਾਉਣ।"

## VI. ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ੍ਹ ਆਰੰਭ ਕਰਨਾ ਅਤੇ ਧੰਨਵਾਦ ਪ੍ਰਸਤਾਵ ਤੇ ਵੋਟ

13 ਫਰਵਰੀ, 2019 ਨੂੰ ਡਾਕਟਰ ਰਾਜ ਕੁਮਾਰ ਵੇਰਕਾ, ਐਮ.ਐਲ.ਏ ਦੁਆਰਾ ਪੇਸ਼ ਕੀਤੇ ਗਏ ਅਤੇ ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ ਦੁਆਰਾ ਪ੍ਰੋੜਤਾ ਕੀਤੇ ਗਏ ਨਿਮਨਲਿਖਤ ਪ੍ਰਸਤਾਵ ਨੂੰ ਹੋਰ ਵਿਚਾਰਨ ਲਈ:-

" ਕਿ ਰਾਜਪਾਲ ਜੀ ਨੂੰ ਨਿਮਨਲਿਖਤ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇਗਾ:-

Superintendent
Punjab Vidhan Sabha
Chandigarh

" ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਹਨਾਂ ਨੇ 12 ਫਰਵਰੀ, 2019 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ। "

(ਬਹਿਸ ਸਮਾਪਤ ਕੀਤੀ ਜਾਵੇਗੀ)

ਚੰਡੀਗੜ੍ਹ:
18 ਫਰਵਰੀ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

---

Superintendent
Punjab Vidhan Sabha
Chandigarh